**ਸੂਹੀ ਮਹਲਾ ੫ ॥ ਵਿਸਰਹਿ ਨਾਹੀ ਜਿਤੁ ਤੂ ਕਬਹੂ ਸੋ ਥਾਨੁ ਤੇਰਾ ਕੇਹਾ ॥ ਆਠ ਪਹਰ ਜਿਤੁ ਤੁਧੁ ਧਿਆਈ ਨਿਰਮਲ ਹੋਵੈ ਦੇਹਾ ॥ ੧॥ ਮੇਰੇ ਰਾਮ ਹਉ ਸੋ ਥਾਨੁ ਭਾਲਣ ਆਇਆ ॥ ਖੋਜਤ ਖੋਜਤ ਭਇਆ ਸਾਧਸੰਗੁ ਤਿਨ੍ਹ ਸਰਣਾਈ ਪਾਇਆ ॥ ੧॥ ਰਹਾਉ ॥ ਬੇਦ ਪੜੇ ਪੜਿ ਬ੍ਰਹਮੇ ਹਾਰੇ ਇਕੁ ਤਿਲੁ ਨਹੀ ਕੀਮਤਿ ਪਾਈ ॥ ਸਾਧਿਕ ਸਿਧ ਫਿਰਹਿ ਬਿਲਲਾਤੇ ਤੇ ਭੀ ਮੋਹੇ ਮਾਈ ॥ ੨॥ ਦਸ ਅਉਤਾਰ ਰਾਜੇ ਹੋਇ ਵਰਤੇ ਮਹਾਦੇਵ ਅਉਧੂਤਾ ॥ ਤਿਨ੍ਹ ਭੀ ਅੰਤੁ ਨ ਪਾਇਓ ਤੇਰਾ ਲਾਇ ਥਕੇ ਬਿਭੂਤਾ ॥੩॥ ਸਹਜ ਸੂਖ ਆਨੰਦ ਨਾਮ ਰਸ ਹਰਿ ਸੰਤੀ ਮੰਗਲੁ ਗਾਇਆ ॥ ਸਫਲ ਦਰਸਨੁ ਭੇਟਿਓ ਗੁਰ ਨਾਨਕ ਤਾ ਮਨਿ ਤਨਿ ਹਰਿ ਹਰਿ ਧਿਆਇਆ ॥੪॥੨॥੪੯॥** {ਪੰਨਾ 747}

ਪਦਅਰਥ:- ਜਿਤੁ—ਜਿੱਥੇ, ਜਿਸ ਥਾਂ ਵਿਚ। ਕਬ ਹੂ—ਕਦੇ ਭੀ। ਕੇਹਾ—ਬੜਾ ਅਸਚਰਜ। ਤੁਧੁ—ਤੈਨੂੰ। ਧਿਆਈ—ਧਿਆਈਂ, ਮੈਂ ਧਿਆਨ ਧਰਦਾ ਰਹਾਂ। ਦੇਹਾ—ਸਰੀਰ।1।

ਹਉ—ਮੈਂ। ਖੋਜਤ—ਭਾਲਦਿਆਂ। ਸਾਧ ਸੰਗੁ—ਗੁਰਮੁਖਾਂ ਦਾ ਮੇਲ। ਤਿਨ੍ਹ ਸਰਣਾਈ—ਉਹਨਾਂ ਦੀ ਸਰਨ ਵਿਚ।1। ਰਹਾਉ।

ਪੜੇ ਪੜਿ—ਪੜ੍ਹ ਪੜ੍ਹ ਕੇ, ਪੜਿ ਪੜਿ। ਬ੍ਰਹਮੇ—ਬ੍ਰਹਮਾ ਵਰਗੇ ਅਨੇਕਾਂ। ਤਿਲੁ—ਰਤਾ ਭਰ। ਸਾਧਿਕ—ਸਾਧਨ ਕਰਨ ਵਾਲੇ। ਸਿਧ—ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਕਰਾਮਾਤੀ ਜੋਗੀ। ਤੇ ਭੀ—ਉਹ ਭੀ {ਬਹੁ-ਵਚਨ}। ਮਾਈ—ਮਾਇਆ।2।

ਦਸ ਅਉਤਾਰ—{ਮੱਛ, ਕੱਛ, ਵਰਾਹ, ਨਰਸਿੰਘ, ਵਾਮਨ—ਸਤਜੁਗ ਦੇ ਅਵਤਾਰ। ਪਰਸ ਰਾਮ, ਰਾਮਚੰਦ੍ਰ—ਤ੍ਰੇਤੇ ਦੇ ਅਵਤਾਰ। ਕ੍ਰਿਸ਼ਨ—ਦੁਆਪਰ ਦਾ ਅਵਤਾਰ। ਬੁੱਧ, ਕਲਕੀ—ਕਲਿਜੁਗ ਦੇ ਅਵਤਾਰ}। ਰਾਜੇ—ਪੂਜਨੀਕ। ਮਹਾ ਦੇਵ—ਸ਼ਿਵ। ਅਵਧੂਤਾ—ਤਿਆਗੀ। ਬਿਭੂਤਾ—ਸੁਆਹ।3।

ਸਹਜ—ਆਤਮਕ ਅਡੋਲਤਾ। ਸੰਤੀ—ਸੰਤਾਂ ਨੇ। ਮੰਗਲੁ—ਸਿਫ਼ਤਿ-ਸਾਲਾਹ ਦਾ ਗੀਤ। ਸਫਲ ਦਰਸਨੁ—ਜਿਸ ਦਾ ਦਰਸਨ ਫਲ ਦੇਣ ਵਾਲਾ ਹੈ। ਭੇਟਿਆ—ਮਿਲਿਆ। ਮਨਿ—ਮਨ ਵਿਚ। ਤਨਿ—ਹਿਰਦੇ ਵਿਚ।4।

ਅਰਥ:- ਹੇ ਮੇਰੇ ਰਾਮ! ਮੈਂ ਉਹ ਥਾਂ ਲੱਭਣ ਤੁਰ ਪਿਆ (ਜਿੱਥੇ ਮੈਂ ਤੇਰਾ ਦਰਸਨ ਕਰ ਸਕਾਂ)। ਲੱਭਦਿਆਂ ਲੱਭਦਿਆਂ ਮੈਨੂੰ ਗੁਰਮੁਖਾਂ ਦਾ ਸਾਥ ਮਿਲ ਗਿਆ, ਉਹਨਾਂ (ਗੁਰਮੁਖਾਂ) ਦੀ ਸਰਨ ਪੈ ਕੇ ਮੈਂ (ਤੈਨੂੰ ਭੀ) ਲੱਭ ਲਿਆ।1। ਰਹਾਉ।

ਹੇ ਮੇਰੇ ਰਾਮ! ਤੇਰਾ ਉਹ (ਸਾਧ ਸੰਗਤਿ) ਥਾਂ ਬੜਾ ਹੀ ਅਸਚਰਜ ਹੈ, ਜਿਸ ਵਿਚ ਬੈਠਿਆਂ ਤੂੰ ਕਦੇ ਭੀ ਨਾਹ ਭੁੱਲੇਂ, ਜਿਸ ਵਿਚ ਬੈਠ ਕੇ ਮੈਂ ਤੈਨੂੰ ਅੱਠੇ ਪਹਰ ਯਾਦ ਕਰ ਸਕਾਂ, ਤੇ, ਮੇਰਾ ਸਰੀਰ ਪਵਿਤ੍ਰ ਹੋ ਜਾਏ।1।

ਹੇ ਮੇਰੇ ਰਾਮ! ਬ੍ਰਹਮਾ ਵਰਗੇ ਅਨੇਕਾਂ ਵੇਦ (ਆਦਿਕ ਧਰਮ-ਪੁਸਤਕਾਂ) ਪੜ੍ਹ ਪੜ੍ਹ ਕੇ ਥੱਕ ਗਏ, ਪਰ ਉਹ ਤੇਰੀ ਰਤਾ ਭੀ ਕਦਰ ਨਾਹ ਸਮਝ ਸਕੇ। ਸਾਧਨਾਂ ਕਰਨ ਵਾਲੇ ਜੋਗੀ, ਕਰਾਮਾਤੀ ਜੋਗੀ (ਤੇਰੇ ਦਰਸਨ ਨੂੰ) ਵਿਲਕਦੇ ਫਿਰਦੇ ਹਨ, ਪਰ ਉਹ ਭੀ ਮਾਇਆ ਦੇ ਮੋਹ ਵਿਚ ਹੀ ਫਸੇ ਰਹੇ।2।

ਹੇ ਮੇਰੇ ਰਾਮ! (ਵਿਸ਼ਨੂ ਦੇ) ਦਸ ਅਵਤਾਰ (ਆਪੋ ਆਪਣੇ ਜੁਗ ਵਿਚ) ਸਤਕਾਰ ਪ੍ਰਾਪਤ ਕਰਦੇ ਰਹੇ। ਸ਼ਿਵ ਜੀ ਬੜਾ ਤਿਆਗੀ ਪ੍ਰਸਿੱਧ ਹੋਇਆ। ਪਰ ਉਹ ਭੀ ਤੇਰੇ ਗੁਣਾਂ ਦਾ ਅੰਤ ਨਾਹ ਪਾ ਸਕੇ। (ਸ਼ਿਵ ਆਦਿਕ ਅਨੇਕਾਂ ਆਪਣੇ ਸਰੀਰ ਉਤੇ) ਸੁਆਹ ਮਲ ਮਲ ਕੇ ਥੱਕ ਗਏ।3।

ਹੇ ਨਾਨਕ! (ਆਖ—) ਜਿਨ੍ਹਾਂ ਸੰਤ ਜਨਾਂ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਸਦਾ ਗਾਂਵਿਆ, ਉਹਨਾਂ ਨੇ ਆਤਮਕ ਅਡੋਲਤਾ ਦੇ ਸੁਖ ਆਨੰਦ ਮਾਣੇ, ਉਹਨਾਂ ਨਾਮ ਦਾ ਰਸ ਚੱਖਿਆ। ਜਦੋਂ ਉਹਨਾਂ ਨੂੰ ਉਹ ਗੁਰੂ ਮਿਲ ਪਿਆ, ਜਿਸ ਦਾ ਦਰਸਨ ਹੀ ਜੀਵਨ-ਮਨੋਰਥ ਪੂਰਾ ਕਰ ਦੇਂਦਾ ਹੈ, ਤਦੋਂ ਉਹਨਾਂ ਆਪਣੇ ਮਨ ਵਿਚ ਆਪਣੇ

ਹਿਰਦੇ ਵਿਚ ਪਰਮਾਤਮਾ ਦਾ ਧਿਆਨ ਸ਼ੁਰੂ ਕਰ ਦਿੱਤਾ।4।2। 49।